ਬਸੰਤੁ ਮਹਲਾ ੩ ॥ ਰਾਤੇ ਸਾਚਿ ਹਰਿ ਨਾਮਿ ਨਿਹਾਲਾ ॥ ਦਇਆ ਕਰਹੁ ਪ੍ਰਭ ਦੀਨ ਦਇਆਲਾ ॥ ਤਿਸੁ ਬਿਨੁ ਅਵਰੁ ਨਹੀ ਮੈ ਕੋਇ ॥ ਜਿਉ ਭਾਵੈ ਤਿਉ ਰਾਖੈ ਸੋਇ ॥੧॥ ਗੁਰ ਗੋਪਾਲ ਮੇਰੈ ਮਨਿ ਭਾਏ ॥ ਰਹਿ ਨ ਸਕਉ ਦਰਸਨ ਦੇਖੇ ਬਿਨੁ ਸਹਜਿ ਮਿਲਉ ਗੁਰੁ ਮੇਲਿ ਮਿਲਾਏ ॥੧॥ ਰਹਾਉ ॥ ਇਹੁ ਮਨੁ ਲੋਭੀ ਲੋਭਿ ਲੁਭਾਨਾ ॥ ਰਾਮ ਬਿਸਾਰਿ ਬਹੁਰਿ ਪਛੁਤਾਨਾ ॥ ਬਿਛੁਰਤ ਮਿਲਾਇ ਗੁਰ ਸੇਵ ਰਾਂਗੇ ॥ ਹਰਿ ਨਾਮੁ ਦੀਓ ਮਸਤਕਿ ਵਡਭਾਗੇ ॥ ੨॥ ਪਉਣ ਪਾਣੀ ਕੀ ਇਹ ਦੇਹ ਸਰੀਰਾ ॥ ਹਉਮੈ ਰੋਗੁ ਕਠਿਨ ਤਨਿ ਪੀਰਾ ॥ ਗੁਰਮੁਖਿ ਰਾਮ ਨਾਮ ਦਾਰੂ ਗੁਣ ਗਾਇਆ ॥ ਕਰਿ ਕਿਰਪਾ ਗੁਰਿ ਰੋਗੁ ਗਵਾਇਆ ॥੩॥ ਚਾਰਿ ਨਦੀਆ ਅਗਨੀ ਤਨਿ ਚਾਰੇ ॥ ਤ੍ਰਿਸਨਾ ਜਲਤ ਜਲੇ ਅਹੰਕਾਰੇ ॥ ਗੁਰਿ ਰਾਖੇ ਵਡਭਾਗੀ ਤਾਰੇ ॥ ਜਨ ਨਾਨਕ ਉਰਿ ਹਰਿ ਅੰਮ੍ਰਿਤੁ ਧਾਰੇ ॥੪॥੨॥ {ਪੰਨਾ 1172}

ਪਦਅਰਥ:- ਰਾਤੇ—ਰੰਗੇ ਹੋਏ। ਸਾਚਿ ਨਾਮਿ—ਸਦਾ ਕਾਇਮ ਰਹਿਣ ਵਾਲੇ ਹਰਿ ਨਾਮ ਵਿਚ। ਨਿਹਾਲਾ—ਪ੍ਰਸੰਨ-ਚਿੱਤ। ਪ੍ਰਭ—ਹੇ ਪ੍ਰਭੂ! ਜਿਉ ਭਾਵੈ—ਜਿਵੇਂ ਉਸ ਨੂੰ ਚੰਗਾ ਲੱਗਦਾ ਹੈ।1।

ਮੇਰੈ ਮਨਿ—ਮੇਰੇ ਮਨ ਵਿਚ। ਭਾਏ—ਪਿਆਰਾ ਲੱਗਦਾ ਹੈ। ਸਕਉ—ਸਕਉਂ। ਰਹਿ ਨ ਸਕਉ—ਮੈਂ ਰਹਿ ਨਹੀਂ ਸਕਦਾ। ਸਹਜਿ—ਆਤਮਕ ਅਡੋਲਤਾ ਵਿਚ (ਟਿਕ ਕੇ)। ਮੇਲਿ—ਸੰਗਤਿ ਵਿਚ।1। ਰਹਾਉ।

ਲੋਭਿ ਲੁਭਾਨਾ—ਲੋਭ ਵਿਚ ਫਸਿਆ ਰਹਿੰਦਾ ਹੈ। ਬਿਸਾਰਿ—ਵਿਸਾਰ ਕੇ। ਬਹੁਰਿ—ਫਿਰ, ਮੁੜ। ਸੇਵ—ਸੇਵਾ-ਭਗਤੀ ਵਿਚ। ਮਸਤਕਿ—ਮੱਥੇ ਉੱਤੇ।2।

ਪਉਣ—ਹਵਾ। ਦੇਹ—ਸਰੀਰ। ਕਠਿਨ—ਕਰੜੀ। ਤਨਿ—ਸਰੀਰ ਵਿਚ। ਪੀਰਾ—ਪੀੜ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਦਾਰੂ—ਦਵਾਈ। ਕਰਿ—ਕਰ ਕੇ। ਗੁਰਿ—ਗੁਰੂ ਨੇ।3।

ਨਦੀਆ ਅਗਨੀ—(ਹੰਸ, ਹੇਤ, ਲੋਭ, ਕੋਪ—ਇਹ) ਅੱਗ ਦੀਆਂ ਨਦੀਆਂ। ਤਨਿ—ਸਰੀਰ ਵਿਚ। ਚਾਰੇ—ਇਹ ਚਾਰ ਹੀ। ਗੁਰਿ—ਗੁਰੂ ਨੇ। ਰਾਖੇ—ਰਾਖੀ ਕੀਤੀ। ਉਰਿ—ਹਿਰਦੇ ਵਿਚ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ।4।

ਅਰਥ:- ਹੇ ਭਾਈ! ਗੁਰੂ ਪਰਮੇਸਰ ਮੇਰੇ ਮਨ ਵਿਚ ਪਿਆਰਾ ਲੱਗਦਾ ਹੈ, ਮੈਂ ਉਸ ਦਾ ਦਰਸਨ ਕਰਨ ਤੋਂ ਬਿਨਾ ਰਹਿ ਨਹੀਂ ਸਕਦਾ (ਦਰਸਨ ਤੋਂ ਬਿਨਾ ਮੈਨੂੰ ਧੀਰਜ ਨਹੀਂ ਆਉਂਦੀ)। (ਜਦੋਂ) ਗੁਰੂ (ਮੈਨੂੰ ਆਪਣੀ) ਸੰਗਤਿ ਵਿਚ ਮਿਲਾਂਦਾ ਹੈ, (ਤਦੋਂ) ਮੈਂ ਆਤਮਕ ਅਡੋਲਤਾ ਵਿਚ (ਟਿਕ ਕੇ ਉਸ ਨੂੰ) ਮਿਲਦਾ ਹਾਂ।1। ਰਹਾਉ।

ਹੇ ਪ੍ਰਭੂ! ਜਿਹੜੇ ਮਨੁੱਖ ਤੇਰੇ ਸਦਾ-ਥਿਰ ਨਾਮ ਵਿਚ ਰੰਗੇ ਜਾਂਦੇ ਹਨ, ਉਹ ਪ੍ਰਸੰਨ-ਚਿੱਤ ਰਹਿੰਦੇ ਹਨ। ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਪ੍ਰਭੂ! (ਮੇਰੇ ਉੱਤੇ ਭੀ) ਮਿਹਰ ਕਰ (ਮੈਨੂੰ ਭੀ ਆਪਣਾ ਨਾਮ ਬਖ਼ਸ਼)। ਹੇ ਭਾਈ! ਉਸ ਪ੍ਰਭੂ ਤੋਂ ਬਿਨਾ ਮੈਨੂੰ ਹੋਰ ਕੋਈ ਬੇਲੀ ਨਹੀਂ ਦਿੱਸਦਾ। ਜਿਵੇਂ ਉਸ ਦੀ ਰਜ਼ਾ ਹੁੰਦੀ ਹੈ ਤਿਵੇਂ ਉਹ (ਜੀਵਾਂ ਦੀ) ਰੱਖਿਆ ਕਰਦਾ ਹੈ।1।

ਹੇ ਭਾਈ! ਜਿਸ ਮਨੁੱਖ ਦਾ ਇਹ ਲਾਲਚੀ ਮਨ (ਸਦਾ) ਲਾਲਚ ਵਿਚ ਹੀ ਫਸਿਆ ਰਹਿੰਦਾ ਹੈ, ਉਹ ਮਨੁੱਖ ਪਰਮਾਤਮਾ ਦਾ ਨਾਮ ਭੁਲਾ ਕੇ ਫਿਰ ਹੱਥ ਮਲਦਾ ਹੈ। ਜਿਹੜੇ ਮਨੁੱਖ ਗੁਰੂ ਦੀ ਦੱਸੀ ਹਰਿ-ਭਗਤੀ ਵਿਚ ਰੰਗੇ ਜਾਂਦੇ ਹਨ ਉਹਨਾਂ ਨੂੰ (ਪ੍ਰਭੂ-ਚਰਨਾਂ ਤੋਂ) ਵਿਛੁੜਿਆਂ ਨੂੰ ਗੁਰੂ (ਮੁੜ) ਮਿਲਾ ਦੇਂਦਾ ਹੈ। ਜਿਨ੍ਹਾਂ ਦੇ ਮੱਥੇ ਉੱਤੇ ਭਾਗ ਜਾਗ ਪਏ ਉਹਨਾਂ ਨੂੰ ਗੁਰੂ ਨੇ ਪਰਮਾਤਮਾ ਦਾ ਨਾਮ ਬਖ਼ਸ਼ ਦਿੱਤਾ।2।

ਹੇ ਭਾਈ! ਇਹ ਸਰੀਰ ਹਵਾ ਪਾਣੀ (ਆਦਿਕ ਤੱਤਾਂ) ਦਾ ਬਣਿਆ ਹੋਇਆ ਹੈ। ਜਿਸ ਮਨੁੱਖ ਦੇ ਇਸ ਸਰੀਰ ਵਿਚ ਹਉਮੈ ਦਾ ਰੋਗ ਹੈ, (ਉਸ ਦੇ ਸਰੀਰ ਵਿਚ ਇਸ ਰੋਗ ਦੀ) ਕਰੜੀ ਪੀੜ ਟਿਕੀ ਰਹਿੰਦੀ ਹੈ। ਗੁਰੂ ਦੇ ਸਨਮੁਖ ਹੋ ਕੇ

ਜਿਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ, ਪਰਮਾਤਮਾ ਦਾ ਨਾਮ (ਉਸ ਦੇ ਵਾਸਤੇ ਹਉਮੈ-ਰੋਗ ਦੂਰ ਕਰਨ ਲਈ) ਦਵਾਈ ਬਣ ਜਾਂਦਾ ਹੈ। ਜਿਹੜਾ ਭੀ ਮਨੁੱਖ (ਗੁਰੂ ਦੀ ਸਰਨ ਆਇਆ) ਗੁਰੂ ਨੇ ਕਿਰਪਾ ਕਰ ਕੇ ਉਸ ਦਾ ਇਹ ਰੋਗ ਦੂਰ ਕਰ ਦਿੱਤਾ।3।

ਹੇ ਭਾਈ! (ਜਗਤ ਵਿਚ ਹੰਸ, ਹੇਤ, ਲੋਭ, ਕੋਪ) ਚਾਰ ਅੱਗ ਦੀਆਂ ਨਦੀਆਂ ਵਹਿ ਰਹੀਆਂ ਹਨ, (ਜਿਨ੍ਹਾਂ ਮਨੁੱਖਾਂ ਦੇ) ਸਰੀਰ ਵਿਚ ਇਹ ਚਾਰੇ ਅੱਗਾਂ ਪ੍ਰਬਲ ਹਨ, ਉਹ ਮਨੁੱਖ ਤ੍ਰਿਸ਼ਨਾ ਵਿਚ ਸੜਦੇ ਹਨ। ਹੇ ਨਾਨਕ! (ਆਖ—ਹੇ ਭਾਈ!) ਜਿਨ੍ਹਾਂ ਭਾਗਾਂ ਵਾਲੇ ਸੇਵਕਾਂ ਦੀ ਗੁਰੂ ਨੇ ਰੱਖਿਆ ਕੀਤੀ, (ਗੁਰੂ ਨੇ ਉਹਨਾਂ ਨੂੰ ਇਹਨਾਂ ਨਦੀਆਂ ਤੋਂ) ਪਾਰ ਲੰਘਾ ਲਿਆ, ਉਹਨਾਂ ਨੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਆਪਣੇ ਹਿਰਦੇ ਵਿਚ ਵਸਾ ਲਿਆ।4।2।